# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :17-02-2026**

## <u>ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ</u>

- ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਸਾਨਾਂ ਨੂੰ ਮਜ਼ਬੂਤ ਬਣਾਉਣ ਲਈ ਡਿਜਿਟਲ ਪਹਿਲ, ਭਾਰਤ ਵਿਸਤਾਰ ਦੀ ਸ਼ੁਰੂਆਤ ਕੀਤੀ.

- ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਅੱਜ ਖੰਨਾ ਦੇ ਦੋਰਾਹਾ ਸ਼ਹਿਰ ਵਿੱਚ ਕਰੀਬ 70 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਰੇਲਵੇ ਓਵਰ ਬ੍ਰਿਜ ਦਾ ਨੀਂਹ ਪੱਥਰ ਰੱਖਿਆ।

- ਪੰਜਾਬ ਸਕੂਲ ਸਿੱਖਿਆ ਵਿਭਾਗ ਵੱਲੋਂ 8 ਹਜ਼ਾਰ ਤੋਂ ਵੱਧ ਅਧਿਆਪਕਾਂ ਦੀ ਸ਼ਮੂਲੀਅਤ ਨਾਲ ਦੋ-ਰੋਜ਼ਾ "ਅਧਿਆਪਕ ਮੇਲਾ 2025-26" ਕਰਵਾਇਆ ਗਿਆ।

- ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਵੱਲੋਂ ਹਲਕਾ ਕੋਟਕਪੂਰਾ ਦੇ ਪਿੰਡਾਂ ਵਿੱਚ ਕਰੀਬ 4 ਕਰੋੜ ਰੁਪਏ ਦੀ ਲਾਗਤ ਵਾਲੀਆਂ ਦੋ ਅਹਿਮ ਜਲ ਸਪਲਾਈ ਸਕੀਮਾਂ, ਲੋਕਾਂ ਨੂੰ ਸਮਰਪਿਤ.

- ਕਿਲਾ ਰਾਏਪੁਰ ਪੇਂਡੂ ਓਲੰਪਿਕ-2026 ਅੱਜ ਲੁਧਿਆਣਾ ਵਿੱਚ ਉਤਸ਼ਾਹ ਅਤੇ ਧੂਮਧਾਮ ਨਾਲ ਸ਼ੁਰੂ ਹੋਈਆਂ. 12 ਸਾਲਾਂ ਬਾਅਦ ਬੈਲ ਗੱਡੀਆਂ ਦੀ ਪ੍ਰਸਿੱਧ ਦੌੜਾਂ ਦੀ ਵਾਪਸੀ।

## <u>ਹੁਣ ਖਬਰਾਂ ਵਿਸਥਾਰ ਨਾਲ</u>

ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਏ ਕਿ ਕਿਸਾਨਾਂ ਨੂੰ ਆਧੁਨਿਕ ਤਕਨਾਲੋਜੀ ਨਾਲ ਜੋੜਨਾ ਉਨ੍ਹਾਂ ਨੂੰ ਅਧਿਕਾਰ ਪ੍ਰਾਪਤ ਅਤੇ ਆਰਥਿਕ ਤੌਰ 'ਤੇ ਮਜ਼ਬੂਤ ਬਣਾਉਣ ਲਈ ਜ਼ਰੂਰੀ ਏ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਇਸ ਦ੍ਰਿਸ਼ਟੀਕੋਣ ਨਾਲ ਲਗਾਤਾਰ ਨਵੀਆਂ ਪਹਿਲਕਦਮੀਆਂ ਸ਼ੁਰੂ ਕਰ ਰਹੀ ਏ। ਮੰਤਰੀ ਅੱਜ ਜੈਪੁਰ ਵਿੱਚ ਕਿਸਾਨਾਂ ਦੇ ਡਿਜੀਟਲ ਸਾਥੀ, 'Bharat

Vistaar.' ਨੂੰ ਲਾਂਚ ਕਰਨ ਤੋਂ ਬਾਅਦ ਇੱਕ ਪ੍ਰੋਗਰਾਮ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਇਸ ਪਹਿਲਕਦਮੀ ਦਾ ਉਦੇਸ਼ ਕਿਸਾਨਾਂ ਨੂੰ ਸਮਾਰਟ, ਮਜ਼ਬੂਤ ਅਤੇ ਚੰਗੀ ਤਰ੍ਹਾਂ ਜਾਣੂ ਬਣਾਉਣਾ ਏ । ਸਰਕਾਰ ਉਤਪਾਦਨ ਵਧਾਉਣ, ਲਾਗਤਾਂ ਨੂੰ ਘਟਾਉਣ, ਨੁਕਸਾਨ ਦੀ ਭਰਪਾਈ ਕਰਨ ਅਤੇ ਏਕੀਕ੍ਰਿਤ ਖੇਤੀ ਨੂੰ ਉਤਸ਼ਾਹਿਤ ਕਰਨ 'ਤੇ ਧਿਆਨ ਕੇਂਦਰਿਤ ਕਰ ਰਹੀ ਏ । ਉਨ੍ਹਾਂ ਅੱਗੇ ਕਿਹਾ ਕਿ ਖੇਤੀਬਾੜੀ ਦੇ ਨਾਲ-ਨਾਲ, ਪਸ਼ੂ ਪਾਲਣ, ਪੋਲਟਰੀ ਫਾਰਮਿੰਗ ਅਤੇ ਮੱਛੀ ਪਾਲਣ ਨੂੰ ਵੀ ਉਤਸ਼ਾਹਿਤ ਕੀਤਾ ਜਾਣਾ ਚਾਹੀਦਾ ਏ । ਭਾਰਤ ਵਿਸਤਾਰ ਦਾ ਹਵਾਲਾ ਦਿੰਦਿਆਂ. ਸ੍ਰੀ ਚੌਹਾਨ ਨੇ ਕਿਹਾ ਕਿ ਯੋਜਨਾਵਾਂ ਅਤੇ ਨਵੀਆਂ ਤਕਨੀਕਾਂ ਬਾਰੇ ਜਾਣਕਾਰੀ ਦੀ ਘਾਟ ਅਕਸਰ ਕਿਸਾਨਾਂ ਨੂੰ ਨੁਕਸਾਨ ਪਹੁੰਚਾਉਂਦੀ ਏ । ਹੁਣ, ਇੱਕ ਪਲੇਟਫਾਰਮ ਰਾਹੀਂ, ਕਿਸਾਨ ਫਸਲ-ਅਧਾਰਿਤ ਵਿਗਿਆਨਕ ਸਲਾਹ, ਮੰਡੀ ਦੀਆਂ ਕੀਮਤਾਂ, ਮੌਸਮ ਦੇ ਅਪਡੇਟਸ ਅਤੇ ਹੋਰ ਮੁੱਖ ਜਾਣਕਾਰੀ ਤੱਕ ਪਹੁੰਚ ਕਰ ਸਕਦੇ ਨੇ. ਉਨ੍ਹਾਂ ਕਿਹਾ ਕਿ ਇਹ ਸਾਰੀ ਜਾਣਕਾਰੀ ਕਿਸਾਨਾਂ ਨੂੰ ਉਨ੍ਹਾਂ ਦੇ ਮੋਬਾਈਲ ਫੋਨ 'ਤੇ ਇੱਕ ਕਾਲ ਰਾਹੀਂ ਉਪਲਬਧ ਹੋਵੇਗੀ-

byte

ਖੇਤੀਬਾੜੀ ਮੰਤਰੀ ਨੇ ਇਹ ਵੀ ਕਿਹਾ ਕਿ ਭਾਰਤ-ਅਮਰੀਕਾ ਵਪਾਰ ਸਮਝੌਤੇ ਵਿੱਚ ਕਿਸਾਨਾਂ ਦੇ ਹਿੱਤਾਂ ਦੀ ਪੂਰੀ ਤਰ੍ਹਾਂ ਰਾਖੀ ਕੀਤੀ ਗਈ ਏ। ਉਨ੍ਹਾਂ ਅੱਗੇ ਕਿਹਾ ਕਿ ਜਦੋਂ ਵਿਰੋਧੀ ਧਿਰ ਹੁਣ ਕਿਸਾਨਾਂ ਬਾਰੇ ਗੱਲ ਕਰਦੀ ਏ, ਤਾਂ ਯੂ.ਪੀ.ਏ. ਸਰਕਾਰ ਨੇ ਸਵਾਮੀਨਾਥਨ ਕਮੇਟੀ ਦੀ ਰਿਪੋਰਟ ਨੂੰ ਸਵੀਕਾਰ ਕਰਨ ਤੋਂ ਇਨਕਾਰ ਕਰ ਦਿੱਤਾ ਸੀ, ਜਿਸਨੂੰ ਮੋਦੀ ਸਰਕਾਰ ਨੇ 2019 ਵਿੱਚ ਲਾਗੂ ਕੀਤਾ. ਵਿਰੋਧੀ ਧਿਰ 'ਤੇ ਗਲਤ ਜਾਣਕਾਰੀ ਫੈਲਾਉਣ ਦਾ ਇਲਜ਼ਾਮ ਲਾਉਂਦਿਆਂ, ਉਨ੍ਹਾਂ ਕਿਹਾ ਕਿ ਨਰੇਂਦਰ ਮੋਦੀ ਸਰਕਾਰ ਨੇ ਹਮੇਸ਼ਾ ਕਿਸਾਨਾਂ ਦੀ ਭਲਾਈ ਨੂੰ ਆਪਣੀ ਪਹਿਲੀ ਤਰਜੀਹ ਦਿੱਤੀ ਏ।

---------------------------------------------------------

ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਅੱਜ ਖੰਨਾ ਦੇ ਦੋਰਾਹਾ ਸ਼ਹਿਰ ਵਿੱਚ ਕਰੀਬ 70 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਰੇਲਵੇ ਓਵਰ ਬ੍ਰਿਜ ਦਾ ਨੀਂਹ ਪੱਥਰ ਰੱਖਿਆ। ਇਹ ਰੇਲਵੇ ਓਵਰ ਬ੍ਰਿਜ ਕਈ ਸਾਲਾਂ ਤੋਂ ਬਣਨੋ ਰਹਿੰਦਾ ਸੀ ਅਤੇ ਰੋਪੜ ਵੱਲ ਜਾਣ ਵਾਲੇ ਫੋਰ ਲੇਨ ਪ੍ਰੋਜੈਕਟ ਲਈ ਇੱਕ ਅਹਿਮ ਕੜੀ ਮੰਨਿਆ ਜਾਂਦਾ ਏ , ਜਿਸ ਕਾਰਨ ਸਾਰਾ ਪ੍ਰੋਜੈਕਟ ਰੁਕਿਆ ਹੋਇਆ ਸੀ। ਹੁਣ ਇਸ ਪੁਲ ਦੇ ਨਿਰਮਾਣ ਕੰਮ ਦੀ ਅਧਿਕਾਰਕ ਤੌਰ ‘ਤੇ ਸ਼ੁਰੂਆਤ ਕਰ ਦਿੱਤੀ ਗਈ ਏ।

ਇਸ ਮੌਕੇ ਰਵਨੀਤ ਸਿੰਘ ਬਿੱਟੂ ਨੇ ਪ੍ਰੈਸ ਕਾਨਫਰੰਸ ਕਰਕੇ ਪੂਰੇ ਪ੍ਰੋਜੈਕਟ ਬਾਰੇ ਵੇਰਵੇ ਸਹਿਤ ਜਾਣਕਾਰੀ ਦਿੱਤੀ। ਓਹਨਾਂ ਕਿਹਾ ਕਿ ਦੋਰਾਹਾ 'ਤੇ ਚਾਰ ਲੇਨ ਦੇ ਰੇਲਵੇ ਓਵਰ ਬ੍ਰਿਜ (ਆਰਓਬੀ) ਦਾ ਨਿਰਮਾਣ ਮਾਲਵਾ ਖੇਤਰ, ਪੰਜਾਬ ਦੀ ਰਾਜਧਾਨੀ ਅਤੇ ਨਜ਼ਦੀਕੀ ਜ਼ਿਲ੍ਹਿਆਂ ਵਿਚਕਾਰ ਸੰਪਰਕ ਨੂੰ ਮਜ਼ਬੂਤ ਕਰਨ ਵਾਲਾ ਇਕ ਇਤਿਹਾਸਕ ਬੁਨਿਆਦੀ ਢਾਂਚਾ ਪ੍ਰੋਜੈਕਟ ਸਾਬਤ ਹੋਵੇਗਾ-

byte

ਰਵਨੀਤ ਸਿੰਘ ਨੇ ਇਸ ਪ੍ਰੋਜੈਕਟ ਨੂੰ ਮਨਜ਼ੂਰੀ ਦੇਣ ਲਈ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਰੇਲ ਮੰਤਰੀ ਅਸ਼ਵਿਨੀ ਵੈਸ਼ਣਵ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਇਹ ਪ੍ਰੋਜੈਕਟ ਇਸ ਖੇਤਰ ਦੇ ਲੋਕਾਂ ਲਈ ਇਕ ਵੱਡੀ ਸੌਗਾਤ ਏ । ਨਵਾਂ ਚਾਰ ਲੇਨ ਆਰਓਬੀ ਨਾ ਸਿਰਫ਼ ਰੋਜ਼ਾਨਾ ਆਵਾਜਾਈ ਨੂੰ ਸੁਖਾਲਾ ਬਣਾਵੇਗਾ, ਸਗੋਂ ਮਾਲ ਅਤੇ ਸੇਵਾਵਾਂ ਦੀ ਬਿਨਾ ਰੁਕਾਵਟ ਆਵਾਜਾਈ ਯਕੀਨੀ ਬਣਾ ਕੇ ਆਰਥਿਕ ਗਤੀਵਿਧੀਆਂ ਨੂੰ ਵੀ ਤੇਜ਼ ਕਰੇਗਾ। ਪੰਜਾਬ ਵਿੱਚ ਚੱਲ ਰਹੇ ਰੇਲਵੇ ਬੁਨਿਆਦੀ ਢਾਂਚੇ ਦੇ ਵਿਕਾਸ ਕਾਰਜਾਂ ਬਾਰੇ ਜਾਣਕਾਰੀ ਦਿੰਦਿਆਂ ਮੰਤਰੀ ਨੇ ਦੱਸਿਆ ਕਿ ਰਾਜ ਵਿੱਚ 166 ਥਾਵਾਂ 'ਤੇ ਰੇਲਵੇ ਓਵਰ ਬ੍ਰਿਜ (ROB), ਰੇਲਵੇ ਅੰਡਰ ਬ੍ਰਿਜ (RUB) ਅਤੇ ਲੋ ਹਾਈਟ ਸਬਵੇ (LHS) ਦੇ ਕੰਮ 1 ਹਜ਼ਾਰ 480

ਕਰੋੜ ਰੁਪਏ ਤੋਂ ਵਧ ਦੀ ਲਾਗਤ ਨਾਲ ਜਾਰੀ ਨੇ. ਮੰਤਰੀ ਨੇ ਦਿੱਲੀ ਤੇ ਅੰਬਾਲਾ ਵਿਚਕਾਰ ਤੀਜੀ ਅਤੇ ਚੌਥੀ ਰੇਲ ਲਾਈਨ ਦੇ ਨਿਰਮਾਣ ਨੂੰ ਮਨਜ਼ੂਰੀ ਦੇਣ ਲਈ ਵੀ ਪ੍ਰਧਾਨ ਮੰਤਰੀ ਅਤੇ ਰੇਲ ਮੰਤਰੀ ਦਾ ਧੰਨਵਾਦ ਕੀਤਾ। ਇਹ ਪ੍ਰੋਜੈਕਟ ਬੇਹਦ ਵਿਅਸਤ ਦਿੱਲੀ–ਜੰਮੂ ਰੇਲ ਕੋਰੀਡੋਰ ਨੂੰ ਚੌੜਾ ਕਰਨ ਦੀ ਵਿਆਪਕ ਯੋਜਨਾ ਦਾ ਹਿੱਸਾ ਏ, ਜੋ ਰਾਸ਼ਟਰੀ ਰਾਜਧਾਨੀ ਖੇਤਰ ਨੂੰ ਉੱਤਰੀ ਰਾਜਾਂ ਨਾਲ ਜੋੜਨ ਵਾਲਾ ਮਹੱਤਵਪੂਰਨ ਮਾਰਗ ਏ।

--------------------------------------------------------

ਸੂਬੇ ਦੇ ਵਿਦਿਅਕ ਖੇਤਰ ਵਿੱਚ ਕ੍ਰਾਂਤੀਕਾਰੀ ਬਦਲਾਅ ਲਿਆਉਣ ਦੀ ਦਿਸ਼ਾ ਵਿੱਚ ਅਹਿਮ ਕਦਮ ਚੁੱਕਦਿਆਂ ਪੰਜਾਬ ਸਕੂਲ ਸਿੱਖਿਆ ਵਿਭਾਗ ਵੱਲੋਂ ਬਾਬਾ ਬੰਦਾ ਸਿੰਘ ਬਹਾਦਰ ਇੰਜੀਨੀਅਰਿੰਗ ਕਾਲਜ, ਫਤਿਹਗੜ੍ਹ ਸਾਹਿਬ ਵਿਖੇ ਦੋ-ਰੋਜ਼ਾ "ਅਧਿਆਪਕ ਮੇਲਾ 2025-26" ਕਰਵਾਇਆ ਗਿਆ। ਇਸ ਮੇਲੇ ਵਿੱਚ 8 ਹਜ਼ਾਰ ਤੋਂ ਵੱਧ ਅਧਿਆਪਕਾਂ ਨੇ ਹਿੱਸਾ ਲਿਆ. ਮੇਲੇ ਦਾ ਉਦੇਸ਼ ਸਰਕਾਰੀ ਸਕੂਲਾਂ ਨੂੰ ਸਿਰਜਣਾਤਮਕਤਾ, ਤਕਨਾਲੋਜੀ ਅਤੇ ਸਿੱਖਿਆ ਸ਼ਾਸਤਰੀ ਉੱਤਮਤਾ ਦੇ ਇੱਕ ਜੀਵੰਤ ਕੇਂਦਰ ਵਿੱਚ ਬਦਲਣਾ ਸੀ। ਇਸ ਸਮਾਗਮ ਨੂੰ ਸੂਬੇ ਦੇ ਅਧਿਆਪਕ ਭਾਈਚਾਰੇ ਦੀ ਨਿਵੇਕਲੀ ਸੋਚ ਦਾ ਪ੍ਰਮਾਣ ਦੱਸਦਿਆਂ, ਪੰਜਾਬ ਦੇ ਸਿੱਖਿਆ ਮੰਤਰੀ

ਹਰਜੋਤ ਸਿੰਘ ਬੈਂਸ ਨੇ ਕਿਹਾ ਕਿ, "ਅਧਿਆਪਕ ਮੇਲਾ ਰਵਾਇਤੀ ਕਲਾਸਰੂਮ ਸਿੱਖਿਆ ਵਿੱਚ ਬਦਲਾਅ ਲਿਆਉਣ ਅਤੇ ਇੱਕ ਗਤੀਸ਼ੀਲ ਮੰਚ ਪ੍ਰਦਾਨ ਕਰਨ ਲਈ ਕਰਵਾਇਆ ਗਿਆ ਏ ਜਿੱਥੇ ਸਿੱਖਿਆ ਸ਼ਾਸਤਰ ਵਿੱਚ ਨਵੀਨਤਾ ਨੂੰ ਸ਼ਾਮਲ ਕੀਤਾ ਜਾਂਦਾ ਏ । ਸਾਡੇ ਅਧਿਆਪਕਾਂ ਨੂੰ ਰਵਾਇਤੀ ਤਰੀਕਿਆਂ ਨੂੰ ਆਧੁਨਿਕ ਤਕਨਾਲੋਜੀ ਨਾਲ ਜੋੜਨ ਲਈ ਉਤਸ਼ਾਹਿਤ ਕਰਕੇ, ਅਸੀਂ ਸਿੱਧੇ ਤੌਰ 'ਤੇ ਪੰਜਾਬ ਦੇ ਹਰ ਬੱਚੇ ਦੇ ਭਵਿੱਖ ਵਿੱਚ ਨਿਵੇਸ਼ ਕਰ ਰਹੇ ਹਾਂ। ਮੰਤਰੀ ਨੇ ਕਿਹਾ ਕਿ ਇਸ ਅਧਿਆਪਕ ਮੇਲਾ ਦੌਰਾਨ ਸੂਬੇ ਦੇ ਸਾਰੇ ਜ਼ਿਲ੍ਹਿਆਂ ਦੇ ਵਿਸ਼ਾ ਅਧਿਆਪਕਾਂ ਨੇ ਦਸ ਵੱਖ-ਵੱਖ ਸ਼੍ਰੇਣੀਆਂ ਵਿੱਚ ਆਪਣੇ ਹੁਨਰ ਦਾ ਵਿਖਾਲਾ ਕੀਤਾ। ਇਸ ਦੌਰਾਨ ਅਤਿ-ਆਧੁਨਿਕ ਸਿਖਲਾਈ ਐਪਸ ਅਤੇ ਆਈਟੀ ਟੂਲ ਵਿਕਸਤ ਕਰਨ ਤੋਂ ਲੈ ਕੇ ਨਾਟਕਾਂ ਨਾਲ ਮਨੋਰੰਜਨ ਅਤੇ ਬਿਹਤਰ ਮਾਈਕ੍ਰੋ-ਟੀਚਿੰਗ ਤਕਨੀਕਾਂ ਦਾ ਵਿਖਾਲਾ ਕਰਨ ਤੱਕ, ਵਿਲੱਖਣ ਪ੍ਰਤਿਭਾ ਦਾ ਵਿਖਾਲਾ ਕੀਤਾ।

---------------------------------------------------------

ਪੰਜਾਬ ਵਿਧਾਨ ਸਭਾ ਦੇ  ਸਪੀਕਰ ਕੁਲਤਾਰ ਸਿੰਘ ਸੰਧਵਾਂ ਵੱਲੋਂ ਅੱਜ ਹਲਕਾ ਕੋਟਕਪੂਰਾ ਦੇ ਪਿੰਡਾਂ ਵਿੱਚ ਪੀਣ ਵਾਲੇ ਪਾਣੀ ਦੀ ਸਪਲਾਈ ਨੂੰ ਮਜ਼ਬੂਤ ਕਰਨ ਲਈ ਲਗਭਗ 4 ਕਰੋੜ ਰੁਪਏ ਦੀ ਲਾਗਤ ਨਾਲ

ਤਿਆਰ ਕੀਤੀਆਂ ਦੋ ਅਹਿਮ ਜਲ ਸਪਲਾਈ ਸਕੀਮਾਂ ਨੂੰ ਲੋਕਾਂ ਨੂੰ ਸਮਰਪਿਤ ਕੀਤਾ ਗਿਆ. ਇਸ ਦੌਰਾਨ ਸਪੀਕਰ ਸ਼੍ਰੀ ਸੰਧਵਾਂ ਨੇ ਪਿੰਡ ਟਹਿਣਾ ਵਿਖੇ 82  ਲੱਖ ਰੁਪਏ ਤੋਂ ਵਧ ਦੀ ਲਾਗਤ ਨਾਲ ਤਿਆਰ ਹੋਣ ਵਾਲੀ ਜਲ ਸਪਲਾਈ ਸਕੀਮ ਦਾ ਨੀਂਹ ਪੱਥਰ ਰੱਖਿਆ । ਇਸ ਸਕੀਮ ਨਾਲ ਪਿੰਡ ਦੇ ਵਾਸੀਆਂ ਨੂੰ ਸਾਫ਼-ਸੁਥਰਾ ਅਤੇ ਪੂਰੀ ਮਾਤਰਾ ਵਿੱਚ ਪੀਣ ਯੋਗ ਪਾਣੀ ਮੁਹੱਈਆ ਕਰਵਾਇਆ ਜਾਵੇਗਾ। ਇਸ ਤੋਂ ਇਲਾਵਾ ਸਪੀਕਰ ਵੱਲੋਂ ਪਿੰਡ ਪੱਕਾ ਵਿਖੇ 242 ਲੱਖ ਰੁਪਏ ਤੋਂ ਵਧ ਦੀ ਲਾਗਤ ਨਾਲ ਤਿਆਰ ਕੀਤੇ ਗਏ ਨਵੇਂ ਵਾਟਰ ਵਰਕਸ ਦਾ ਵੀ ਉਦਘਾਟਨ ਕਰਕੇ ਲੋਕਾਂ ਨੂੰ ਸਮਰਪਿਤ ਕੀਤਾ ਗਿਆ। ਇਸ ਮੌਕੇ ਆਪਣੇ ਸੰਬੋਧਨ ‘ਚ ਸ਼੍ਰੀ ਸੰਧਵਾਂ ਨੇ ਕਿਹਾ ਕਿ ਸਰਕਾਰ ਸੂਬੇ ਦੇ ਹਰ ਪਿੰਡ ਤੱਕ ਬੁਨਿਆਦੀ ਸਹੂਲਤਾਂ ਪਹੁੰਚਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਏ.

------------------------------------------------------------

ਨਿਆਂ ਪ੍ਰਣਾਲੀ ਨੂੰ ਹੋਰ ਸੰਵੇਦਨਸ਼ੀਲ, ਸੁਰੱਖਿਅਤ ਅਤੇ ਪੀੜਤਾਂ ਲਈ ਸੁਖਾਵਾਂ ਬਣਾਉਣ ਵੱਲ ਇੱਕ ਅਹਿਮ ਕਦਮ ਤਹਿਤ ਅੱਜ ਜ਼ਿਲ੍ਹਾ ਅਦਾਲਤੀ ਕੰਪਲੈਕਸ, ਹੁਸ਼ਿਆਰਪੁਰ ਵਿੱਚ “ਸੰਵੇਦਨਸ਼ੀਲ ਗਵਾਹ ਬਿਆਨ ਕੇਂਦਰ” ਦੀ ਸ਼ੁਰੂਆਤ ਕੀਤੀ ਗਈ। ਇਸ ਕੇਂਦਰ ਦਾ ਉਦਘਾਟਨ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਜੱਜ ਅਤੇ ਸੈਸ਼ਨ ਡਿਵੀਜ਼ਨ ਦੇ

ਪ੍ਰਸ਼ਾਸਕੀ ਜੱਜ, ਜਸਟਿਸ ਮੀਨਾਕਸ਼ੀ ਆਈ. ਮਹਿਤਾ ਵੱਲੋਂ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਅਤੇ ਸੈਸ਼ਨ ਜੱਜ ਰਾਜਿੰਦਰ ਅਗਰਵਾਲ ਵੀ ਹਾਜ਼ਰ ਸਨ। ਅਦਾਲਤੀ ਕੰਪਲੈਕਸ ਵਿੱਚ ਪਹੁੰਚਣ ‘ਤੇ ਪੰਜਾਬ ਪੁਲਿਸ ਦੇ ਦਸਤੇ ਵੱਲੋਂ ਉਨ੍ਹਾਂ ਨੂੰ ਗਾਰਡ ਆਫ਼ ਆਨਰ ਦਿੱਤਾ ਗਿਆ। ਜਸਟਿਸ ਮਹਿਤਾ ਨੇ ਕਿਹਾ ਕਿ ਇਹ ਕੇਂਦਰ ਖਾਸ ਤੌਰ ‘ਤੇ ਔਰਤਾਂ, ਬੱਚਿਆਂ ਅਤੇ ਹੋਰ ਸੰਵੇਦਨਸ਼ੀਲ ਪੀੜਤਾਂ ਨਾਲ ਸੰਬੰਧਿਤ ਮਾਮਲਿਆਂ ਵਿੱਚ ਗਵਾਹਾਂ ਦੇ ਬਿਆਨ ਦਰਜ ਕਰਨ ਲਈ ਬਣਾਇਆ ਗਿਆ ਏ, ਤਾਂ ਜੋ ਉਨ੍ਹਾਂ ਨੂੰ ਸੁਰੱਖਿਅਤ, ਗਰਿਮਾ ਪੂਰਨ ਅਤੇ ਤਣਾਅ-ਰਹਿਤ ਮਾਹੌਲ ਮਿਲ ਸਕੇ।

---------------------------------------------------------

ਪੰਜਾਬ ਵਿਜੀਲੈਂਸ ਬਿਊਰੋ  ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਆਪਣੀ ਮੁਹਿੰਮ ਦੌਰਾਨ, ਸਬ-ਤਹਿਸੀਲ ਮਹਿਤਪੁਰ, ਜ਼ਿਲ੍ਹਾ ਜਲੰਧਰ ਵਿਖੇ ਤਾਇਨਾਤ ਕਾਨੂੰਗੋ ਜਤਿੰਦਰ ਸਿੰਘ ਦੇ ਭਰਾ ਪਰਮਿੰਦਰ ਸਿੰਘ ਨੂੰ 20, ਹਜ਼ਾਰ ਰੁਪਏ  ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕੀਤਾ ਏ । ਇਸ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਰਾਜ ਵਿਜੀਲੈਂਸ ਬਿਊਰੋ ਦੇ  ਬੁਲਾਰੇ ਨੇ ਦੱਸਿਆ ਕਿ ਮੁਲਜ਼ਮ ਨੂੰ ਗੁਰੂ ਤੇਗ ਬਹਾਦਰ ਨਗਰ, ਨਕੋਦਰ, ਜ਼ਿਲ੍ਹਾ ਜਲੰਧਰ ਦੇ ਇੱਕ ਵਸਨੀਕ ਵੱਲੋਂ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਏ ।

---------------------------------------------------------------

ਕਿਲਾ ਰਾਏਪੁਰ ਪੇਂਡੂ ਓਲੰਪਿਕ-2026 ਅੱਜ ਲੁਧਿਆਣਾ ਵਿੱਚ ਬੇਹਦ ਉਤਸ਼ਾਹ ਅਤੇ ਧੂਮਧਾਮ ਨਾਲ ਸ਼ੁਰੂ ਹੋਈਆਂ ਜੋ ਕਿ 12 ਸਾਲਾਂ ਦੇ ਵਕਫ਼ੇ ਤੋਂ ਬਾਅਦ ਬੈਲ ਗੱਡੀਆਂ ਦੀ ਪ੍ਰਸਿੱਧ ਦੌੜਾਂ ਦੀ ਮੁੜ੍ਹ ਸੁਰਜੀਤੀ ਨੂੰ ਦਰਸਾਉਂਦਾ ਏ । ਇਹਨਾਂ ਖੇਡਾਂ ਦਾ ਉਦਘਾਟਨ ਪੰਜਾਬ ਦੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਪਿੰਡ ਕਿਲਾ ਰਾਏਪੁਰ ਦੇ ਖੇਡ ਸਟੇਡੀਅਮ ਵਿੱਚ ਕੀਤਾ । ਬੈਲ ਗੱਡੀਆਂ ਦੀਆਂ ਇਨ੍ਹਾਂ ਵਿਸ਼ਵ-ਪ੍ਰਸਿੱਧ ਦੌੜਾਂ ਦੇ ਮੁੜ ਸ਼ੁਰੂ ਹੋਣ ਨਾਲ ਲੋਕਾਂ ਦਾ ਬੇਹਦ ਭਾਰੀ ਇਕੱਠ ਹੋਇਆ। ਜਿਸ ਨਾਲ ਦਰਸ਼ਕ ਪੰਜਾਬ ਅਤੇ ਬਾਹਰੋਂ ਇਸ ਰੋਮਾਂਚਕ ਖੇਡ ਨੂੰ ਦੇਖਣ ਲਈ ਪਹੁੰਚੇ ਜੋ ਸੂਬੇ ਦੇ ਦਿਹਾਤੀ ਵਿਰਸੇ ਵਿੱਚ ਡੂੰਘਾਈ ਨਾਲ ਜੜ੍ਹਾਂ ਰੱਖਦੇ ਨੇ.ਕੈਬਨਿਟ ਮੰਤਰੀ ਨੇ ਉਮੀਦ ਪ੍ਰਗਟ ਕੀਤੀ ਕਿ ਕਿਲਾ ਰਾਏਪੁਰ ਪੇਂਡੂ ਓਲੰਪਿਕ ਪੰਜਾਬ ਭਰ ਵਿੱਚ ਇੱਕ ਮਜ਼ਬੂਤ ਖੇਡ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਅਤੇ ਰਾਜ ਦੇ ਹਰ ਕੋਨੇ ਤੋਂ ਲੁਕੇ ਹੋਏ ਹੁਨਰ ਨੂੰ ਉਜਾਗਰ ਕਰਨ ਵਿੱਚ ਮੁੱਖ ਭੂਮਿਕਾ ਨਿਭਾਉਣਗੀਆਂ ।

---------------------------------------------------------------

- ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਸਾਨਾਂ ਨੂੰ ਮਜ਼ਬੂਤ ਬਣਾਉਣ ਲਈ ਡਿਜਿਟਲ ਪਹਿਲ, ਭਾਰਤ ਵਿਸਤਾਰ ਦੀ ਸ਼ੁਰੂਆਤ ਕੀਤੀ.

- ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਅੱਜ ਖੰਨਾ ਦੇ ਦੋਰਾਹਾ ਸ਼ਹਿਰ ਵਿੱਚ ਕਰੀਬ 70 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਰੇਲਵੇ ਓਵਰ ਬ੍ਰਿਜ ਦਾ ਨੀਂਹ ਪੱਥਰ ਰੱਖਿਆ।

- ਪੰਜਾਬ ਸਕੂਲ ਸਿੱਖਿਆ ਵਿਭਾਗ ਵੱਲੋਂ 8 ਹਜ਼ਾਰ ਤੋਂ ਵੱਧ ਅਧਿਆਪਕਾਂ ਦੀ ਸ਼ਮੂਲੀਅਤ ਨਾਲ ਦੋ-ਰੋਜ਼ਾ "ਅਧਿਆਪਕ ਮੇਲਾ 2025-26" ਕਰਵਾਇਆ ਗਿਆ।

- ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਵੱਲੋਂ ਹਲਕਾ ਕੋਟਕਪੂਰਾ ਦੇ ਪਿੰਡਾਂ ਵਿੱਚ ਕਰੀਬ 4 ਕਰੋੜ ਰੁਪਏ ਦੀ ਲਾਗਤ ਵਾਲੀਆਂ ਦੋ ਅਹਿਮ ਜਲ ਸਪਲਾਈ ਸਕੀਮਾਂ, ਲੋਕਾਂ ਨੂੰ ਸਮਰਪਿਤ.

- ਕਿਲਾ ਰਾਏਪੁਰ ਪੇਂਡੂ ਓਲੰਪਿਕ-2026 ਅੱਜ ਲੁਧਿਆਣਾ ਵਿੱਚ ਉਤਸ਼ਾਹ ਅਤੇ ਧੂਮਧਾਮ ਨਾਲ ਸ਼ੁਰੂ ਹੋਈਆਂ. 12 ਸਾਲਾਂ ਬਾਅਦ ਬੈਲ ਗੱਡੀਆਂ ਦੀ ਪ੍ਰਸਿੱਧ ਦੌੜਾਂ ਦੀ ਵਾਪਸੀ।

---

**ਇਸਦੇ ਨਾਲ ਹੀ ਖਬਰਾਂ ਦਾ ਇਹ ਬੁਲੇਟਿਨ ਖਤਮ ਹੁੰਦਾ ਏ , ਸਾਡਾ ਅਗਲਾ ਰਾਸ਼ਟਰੀ ਖਬਰਾਂ ਦਾ ਬੁਲੇਟਿਨ ਸ਼ਾਮੀ 7:30 ਵਜੇ ਹੋਏਗਾ , ਨਮਸਕਾਰ |**